ਬਿਲਾਵਲੁ ਮਹਲਾ ੫ ॥ ਪੂਰੇ ਗੁਰ ਕੀ ਪੂਰੀ ਸੇਵ ॥ ਆਪੇ ਆਪਿ ਵਰਤੈ ਸੁਆਮੀ ਕਾਰਜੁ ਰਾਸਿ ਕੀਆ ਗੁਰਦੇਵ ॥੧॥ ਰਹਾਉ ॥ ਆਦਿ ਮਧਿ ਪ੍ਰਭੁ ਅੰਤਿ ਸੁਆਮੀ ਅਪਨਾ ਥਾਟੁ ਬਨਾਇਓ ਆਪਿ ॥ ਅਪਨੇ ਸੇਵਕ ਕੀ ਆਪੇ ਰਾਖੈ ਪ੍ਰਭ ਮੇਰੇ ਕੋ ਵਡ ਪਰਤਾਪੁ ॥ ੧॥ ਪਾਰਬ੍ਰਹਮ ਪਰਮੇਸੁਰ ਸਤਿਗੁਰ ਵਸਿ ਕੀਨ੍ਹੇ ਜਿਨਿ ਸਗਲੇ ਜੰਤ ॥ ਚਰਨ ਕਮਲ ਨਾਨਕ ਸਰਣਾਈ ਰਾਮ ਨਾਮ ਜਪਿ ਨਿਰਮਲ ਮੰਤ ॥੨॥੧੯॥੧੦੫॥ {ਪੰਨਾ 825}

ਪਦਅਰਥ:- ਪੂਰੀ—ਸਫਲ। ਸੇਵ—ਸੇਵਾ-ਭਗਤੀ, ਸਰਨ, ਓਟ। ਆਪੇ—ਆਪ। ਵਰਤੈ—ਹਰ ਥਾਂ ਮੌਜੂਦ ਹੈ। ਰਾਸਿ ਕੀਆ—ਸਫਲ ਕਰ ਦਿੱਤਾ ਹੈ।1। ਰਹਾਉ।

ਆਦਿ—ਸ਼ੁਰੂ ਵਿਚ। ਮਧਿ—(ਜਗਤ-ਰਚਨਾ ਦੇ) ਵਿਚਕਾਰ, ਹੁਣ। ਅੰਤਿ—ਅਖ਼ੀਰ ਵਿਚ ਭੀ। ਥਾਟੁ—ਜਗਤ-ਰਚਨਾ। ਪਰਤਾਪੁ—ਤਾਕਤ।1।

ਜਿਨਿ—ਜਿਸ (ਪ੍ਰਭੂ) ਨੇ। ਸਗਲੇ—ਸਾਰੇ। ਨਾਨਕ—ਹੇ ਨਾਨਕ! ਜਪਿ—ਜਪ ਕੇ। ਨਿਰਮਲ—ਪਵਿਤ੍ਰ ਆਚਰਨ ਵਾਲਾ। ਮੰਤ—ਮੰਤਰ।2।

ਅਰਥ:- ਹੇ ਭਾਈ! ਪੂਰੇ ਗੁਰੂ ਦਾ ਆਸਰਾ (ਜ਼ਿੰਦਗੀ ਨੂੰ) ਕਾਮਯਾਬ (ਬਣਾ ਦੇਂਦਾ ਹੈ)। (ਸਰਨ ਪਏ ਸਿੱਖ ਦਾ) ਹਰੇਕ ਕੰਮ ਗੁਰੂ ਨੇ (ਸਦਾ) ਸਫਲ ਕੀਤਾ ਹੈ। (ਗੁਰੂ ਦੀ ਕਿਰਪਾ ਨਾਲ ਇਹ ਯਕੀਨ ਬਣ ਜਾਂਦਾ ਹੈ ਕਿ) ਮਾਲਕ-ਪ੍ਰਭੂ ਹਰ ਥਾਂ ਆਪ ਹੀ ਆਪ ਮੌਜੂਦ ਹੈ।1। ਰਹਾਉ।

(ਹੇ ਭਾਈ! ਗੁਰੂ ਇਹ ਸ਼ਰਧਾ ਪੈਦਾ ਕਰਦਾ ਹੈ ਕਿ) ਜਿਸ ਪ੍ਰਭੂ ਨੇ ਆਪਣੀ ਇਹ ਜਗਤ-ਖੇਡ ਬਣਾਈ ਹੈ ਉਹ ਮਾਲਕ ਪ੍ਰਭੂ (ਇਸ ਖੇਡ ਦੇ) ਸ਼ੁਰੂ ਵਿਚ, ਹੁਣ ਅਤੇ ਅਖ਼ੀਰ ਵਿਚ ਸਦਾ ਕਾਇਮ ਰਹਿਣ ਵਾਲਾ ਹੈ। (ਗੁਰੂ ਤੋਂ ਇਹ ਨਿਸ਼ਚਾ ਮਿਲਦਾ ਹੈ ਕਿ) ਉਸ ਪਰਮਾਤਮਾ ਦੀ ਬੜੀ ਤਾਕਤ ਹੈ, ਆਪਣੇ ਸੇਵਕ ਦੀ ਲਾਜ ਉਹ ਆਪ ਹੀ (ਸਦਾ) ਰੱਖਦਾ ਹੈ।1।

ਹੇ ਨਾਨਕ! ਜਿਸ ਪਾਰਬ੍ਰਹਮ ਪਰਮੇਸਰ ਨੇ ਸਾਰੇ ਜੀਅ ਜੰਤ ਆਪਣੇ ਵੱਸ ਵਿਚ ਰੱਖੇ ਹੋਏ ਹਨ, ਉਸ ਦੇ ਸੋਹਣੇ ਚਰਨਾਂ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ। (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦਾ ਨਾਮ-ਮੰਤਰ ਜਪਿਆਂ ਪਵਿੱਤਰ ਜੀਵਨ ਵਾਲਾ ਬਣ ਜਾਈਦਾ ਹੈ।2। 19। 105।